# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

**ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਵਾਲੇ 9 ਰੇਹੜੀ ਵਾਲਿਆਂ ਅਤੇ ਦੁਕਾਨਦਾਰਾਂ ਦੇ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ...ਮੇਅਰ ਸ਼ਿਵ ਸੂਦ**

ਹੁਸ਼ਿਆਰਪੁਰ 19 ਜੂਨ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਲਾਸਟਿਕ ਦੇ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਤੇ ਲਗਾਈ ਗਈ ਪਾਬੰਦੀ ਦੀ ਪਾਲਣਾ ਕਰਦੇ ਹੋਏ ਨਗਰ ਨਿਗਮ ਦੇ ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਸੁਰਜੀਤ ਬਹਿਲ, ਗੁਰਮੇਲ ਸਿੰਘ, ਵਿਨੇ ਉੱਪਲ, ਕੁਲਵਿੰਦਰ ਸਿੰਘ ਅਤੇ ਸੰਨੀ ਨੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਭੰਗੀ ਚੋਅ ਦੇ ਨਜਦੀਕ, ਪੁਰਾਣੀ ਸਬਜੀ ਮੰਡੀ, ਕਮਾਲਪੁਰ ਚੌਂਕ ਜਲੰਧਰ ਰੋਡ, ਸਤੇਹਰੀ ਰੋਡ ਅਤੇ ਬੱਸ ਸਟੈਂਡ ਦੇ ਆਲੇ-ਦੁਆਲੇ ਵੱਖ-ਵੱਖ ਦੁਕਾਨਾਂ ਤੇ ਜਾ ਕੇ ਪਲਾਸਟਿਕ ਲਿਫਾਫਿਆਂ ਦੀ ਚੈਕਿੰਗ ਕੀਤੀ। ਮੌਕੇ ਤੇ 9 ਰੇਹੜੀ ਵਾਲਿਆਂ ਅਤੇ ਦੁਕਾਨਦਾਰਾਂ ਦੇ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ ਅਤੇ ਦੁਕਾਨਦਾਰਾਂ ਅਤੇ ਰੇਹੜੀ ਵਾਲਿਆਂ ਨੂੰ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਸਬੰਧੀ ਹਦਾਇਤ ਕੀਤੀ।

ਮੇਅਰ ਸ਼ਿਵ ਸੂਦ ਨੇ ਹੋਰ ਦੱਸਿਆ ਕਿ ਰਾਜ ਵਿਚ ਪਲਾਸਟਿਕ ਕੈਰੀ ਬੈਗ ਅਤੇ ਥਰਮੋਕੋਲ ਮਟੀਰੀਅਲ ਤੋਂ ਬਣੇ ਇਕ ਵਾਰ ਵਰਤੋਂ ਕੀਤੇ ਜਾਣ ਵਾਲੇ ਸਾਰੇ ਮਟੀਰੀਅਲ ਨੂੰ ਵੇਚਣ ਅਤੇ ਸਟਾਕ ਕਰਨ ਤੇ ਪਾਬੰਦੀ ਲਗਾਈ ਗਈ ਹੈ ਅਤੇ ਇਸ ਨੂੰ ਵੇਚਣ ਅਤੇ ਇਸ ਦੀ ਵਰਤੋਂ ਕਰਨ ਵਾਲੇ ਦੁਕਾਨਦਾਰ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਸਾਰੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਨਾ ਹੀ ਵੇਚਣ।